4/C

# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਕਾਲਜਾਂ) ਪੰਜਾਬ ਐਸ ਏ ਐਸ ਨਗਰ।
## (ਵਜੀਫਾ ਸ਼ਾਖਾ)

ਵੱਲ

**ਰਾਜ ਦੇ ਸਮੂਹ ਸਰਕਾਰੀ / ਏਡਿਡ ਕਾਲਜਾਂ ਦੇ ਪ੍ਰਿੰਸੀਪਲ ਸਾਹਿਬਾਨ।**

ਮੀਮੋ ਨੰ DPIHE-SCH10MISc/67/2022-SCHOLARSHIP-1-DPI-HIGHER EDUCATION /473395/2023
ਮਿਤੀ ਐਸ ਏ ਐਸ ਨਗਰ: 16.5.2023

ਵਿਸ਼ਾ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤੋ ਜਾਗਰੂਕ ਕਰਨ ਲਈ ਹੈਲਪ ਡੈਸਕ ਸਥਾਪਤ ਕਰਨ ਸਬੰਧੀ।

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੇ ਸਬੰਧ ਵਿੱਚ ਆਪ ਨੂੰ ਲਿਖਿਆ ਜਾਂਦਾ ਹੈ ਕਿ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਕਾਲਜਾਂ ਵਿੱਚ ਦਾਖਲੇ ਦੇ ਸਮੇਂ ਵਿਸ਼ੇਸ਼ ਹੈਲਪ ਡੈਸਕ ਸਥਾਪਤ ਕੀਤੇ ਜਾਣ ਤਾਂ ਜੋ ਉਨ੍ਹਾਂ ਨੂੰ ਪੀ ਐਮ ਐਸ ਲਈ ਅਰਜ਼ੀ ਦੇਣ ਦੀ ਪ੍ਰਕਿਰਿਆ ਬਾਰੇ ਜਾਗਰੂਕ ਕੀਤਾ ਜਾ ਸਕੇ ਅਤੇ ਯੋਗ ਐਸ ਸੀ ਵਿਦਿਆਰਥੀ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਦਾ ਲਾਭ ਪ੍ਰਾਪਤ ਕਰ ਸਕਣ। ਇਸ ਤੋਂ ਇਲਾਵਾ ਜੇਕਰ ਵਿਦਿਆਰਥੀਆਂ ਨੂੰ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਸਬੰਧੀ ਕੋਈ ਵੀ ਸੱਮਸਿਆ ਆਉਂਦੀ ਹੈ ਤਾਂ ਉਹ ਉੱਚੇਰੀ ਸਿੱਖਿਆ ਵਿਭਾਗ ਦੀ ਈ ਮੇਲ schdpi1@gmail.com ਅਤੇ ਉਹ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਨਾਲ ਸੰਪਰਕ ਕਰਨਾ ਚਾਹੁੰਦੇ ਹਨ ਤਾਂ ਉਹ ਡਾਇਰੈਕਟੋਰੇਟ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੀ ਈਮੇਲ pmslinedept2022@gmail.com ਰਾਹੀ ਸੰਪਰਕ ਕਰਨ।

ਸਹਾਇਕ ਡਾਇਰੈਕਟਰ (ਵਜੀਫਾ)

ਪਿੱਠ ਅੰਕਣ ਨੰ/ ਉਕਤ ਮਿਤੀ ਐਸ ਏ ਐਸ ਨਗਰ 16.5.23
ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਭੇਜਿਆ ਜਾਂਦਾ ਹੈ -

1. ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅਮ੍ਰਿੰਤਸਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੂੰ ਲਿਖਿਆ ਜਾਂਦਾ ਹੈ ਕਿ ਆਪ ਦੀ ਯੂਨੀਵਰਸਿਟੀ ਨਾਲ ਐਫੀਲੇਟਿਡ ਪ੍ਰਾਈਵੇਟ ਕਾਲਜਾਂ ਨੂੰ ਉਪਰੋਕਤ ਸਬੰਧੀ ਹਦਾਇਤ ਕੀਤੀ ਜਾਵੇ ਤਾਂ ਜੋ ਯੋਗ ਐਸ ਸੀ ਵਿਦਿਆਰਥੀ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਦਾ ਲਾਭ ਪ੍ਰਾਪਤ ਕਰ ਸਕਣ।

ਸਹਾਇਕ ਡਾਇਰੈਕਟਰ (ਵਜੀਫਾ)

ਪਿੱਠ ਅੰਕਣ ਨੰਬਰ 7936 ਕਾਲਜ/ਜੀ.ਸੀ/5 ਮਿਤੀ 2/6/2023

ਉਪਰੋਕਤ ਵਿਸ਼ੇ ਸਬੰਧੀ ਸਬੰਧਤ ਸਮੂਹ ਕਾਲਜਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨੱਥੀ ਪੱਤਰ ਵਿਚ ਦਰਜ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਨੀ ਯਕੀਨੀ ਬਣਾਇਆ ਜਾਵੇ ਜੀ।

1/6/23
ਡੀਨ, ਕਾਲਜ ਵਿਕਾਸ ਕੌਂਸਲ

7936 2/6/23